ਬਿਲਾਵਲੁ ਮਹਲਾ ੪ ਅਸਟਪਦੀਆ ਘਰੁ ੧੧
ੴ ਸਤਿਗੁਰ ਪ੍ਰਸਾਦਿ ॥
ਆਪੈ ਆਪੁ ਖਾਇ ਹਉ ਮੇਟੈ ਅਨਦਿਨੁ ਹਰਿ ਰਸ ਗੀਤ ਗਵਈਆ ॥
ਗੁਰਮੁਖਿ ਪਰਚੈ ਕੰਚਨ ਕਾਇਆ ਨਿਰਭਉ ਜੋਤੀ ਜੋਤਿ ਮਿਲਈਆ ॥੧॥
ਮੈ ਹਰਿ ਹਰਿ ਨਾਮੁ ਅਧਾਰੁ ਰਮਈਆ ॥
ਖਿਨੁ ਪਲੁ ਰਹਿ ਨ ਸਕਉ ਬਿਨੁ ਨਾਵੈ ਗੁਰਮੁਖਿ ਹਰਿ ਹਰਿ ਪਾਠ ਪੜਈਆ ॥੧॥ ਰਹਾਉ ॥
ਏਕੁ ਗਿਰਹੁ ਦਸ ਦੁਆਰ ਹੈ ਜਾ ਕੇ ਅਹਿਨਿਸਿ ਤਸਕਰ ਪੰਚ ਚੋਰ ਲਗਈਆ ॥
ਧਰਮੁ ਅਰਥੁ ਸਭੁ ਹਿਰਿ ਲੇ ਜਾਵਹਿ ਮਨਮੁਖ ਅੰਧੁਲੇ ਖਬਰਿ ਨ ਪਈਆ ॥੨॥
ਕੰਚਨ ਕੋਟੁ ਬਹੁ ਮਾਣਕਿ ਭਰਿਆ ਜਾਗੇ ਗਿਆਨ ਤਤਿ ਲਿਵ ਲਈਆ ॥
ਤਸਕਰ ਹੇਰੂ ਆਇ ਲੁਕਾਨੇ ਗੁਰ ਕੈ ਸਬਦਿ ਪਕੜਿ ਬੰਧਿ ਪਈਆ ॥੩॥
ਹਰਿ ਹਰਿ ਨਾਮੁ ਪੋਤੁ ਬੋਹਿਥਾ ਖੇਵਟੁ ਸਬਦੁ ਗੁਰੁ ਪਾਰਿ ਲੰਘਈਆ ॥
ਜਮੁ ਜਾਗਾਤੀ ਨੇੜਿ ਨ ਆਵੈ ਨਾ ਕੋ ਤਸਕਰੁ ਚੋਰੁ ਲਗਈਆ ॥੪॥
ਹਰਿ ਗੁਣ ਗਾਵੈ ਸਦਾ ਦਿਨੁ ਰਾਤੀ ਮੈ ਹਰਿ ਜਸੁ ਕਹਤੇ ਅੰਤੁ ਨ ਲਹੀਆ ॥
ਗੁਰਮੁਖਿ ਮਨੂਆ ਇਕਤੁ ਘਰਿ ਆਵੈ ਮਿਲਉ ਗੋੁਪਾਲ ਨੀਸਾਨੁ ਬਜਈਆ ॥੫॥
ਨੈਨੀ ਦੇਖਿ ਦਰਸੁ ਮਨੁ ਤ੍ਰਿਪਤੈ ਸ੍ਰਵਨ ਬਾਣੀ ਗੁਰ ਸਬਦੁ ਸੁਣਈਆ ॥
ਸੁਨਿ ਸੁਨਿ ਆਤਮ ਦੇਵ ਹੈ ਭੀਨੇ ਰਸਿ ਰਸਿ ਰਾਮ ਗੋਪਾਲ ਰਵਈਆ ॥੬॥
ਤ੍ਰੈ ਗੁਣ ਮਾਇਆ ਮੋਹਿ ਵਿਆਪੇ ਤੁਰੀਆ ਗੁਣੁ ਹੈ ਗੁਰਮੁਖਿ ਲਹੀਆ ॥
ਏਕ ਦ੍ਰਿਸਟਿ ਸਭ ਸਮ ਕਰਿ ਜਾਣੈ ਨਦਰੀ ਆਵੈ ਸਭੁ ਬ੍ਰਹਮੁ ਪਸਰਈਆ ॥੭॥
ਰਾਮ ਨਾਮੁ ਹੈ ਜੋਤਿ ਸਬਾਈ ਗੁਰਮੁਖਿ ਆਪੇ ਅਲਖੁ ਲਖਈਆ ॥
ਨਾਨਕ ਦੀਨ ਦਇਆਲ ਭਏ ਹੈ ਭਗਤਿ ਭਾਇ ਹਰਿ ਨਾਮਿ ਸਮਈਆ ॥੮॥੧॥੪॥
ਬਿਲਾਵਲੁ ਮਹਲਾ ੪ ॥
ਹਰਿ ਹਰਿ ਨਾਮੁ ਸੀਤਲ ਜਲੁ ਧਿਆਵਹੁ ਹਰਿ ਚੰਦਨ ਵਾਸੁ ਸੁਗੰਧ ਗੰਧਈਆ ॥
ਮਿਲਿ ਸਤਸੰਗਤਿ ਪਰਮ ਪਦੁ ਪਾਇਆ ਮੈ ਹਿਰਡ ਪਲਾਸ ਸੰਗਿ ਹਰਿ ਬੁਹੀਆ ॥੧॥
ਜਪਿ ਜਗੰਨਾਥ ਜਗਦੀਸ ਗੁਸਈਆ ॥
ਸਰਣਿ ਪਰੇ ਸੇਈ ਜਨ ਉਬਰੇ ਜਿਉ ਪ੍ਰਹਿਲਾਦ ਉਧਾਰਿ ਸਮਈਆ ॥੧॥ ਰਹਾਉ ॥
ਭਾਰ ਅਠਾਰਹ ਮਹਿ ਚੰਦਨੁ ਊਤਮ ਚੰਦਨ ਨਿਕਟਿ ਸਭ ਚੰਦਨੁ ਹੁਈਆ ॥
ਸਾਕਤ ਕੂੜੇ ਊਭ ਸੁਕ ਹੂਏ ਮਨਿ ਅਭਿਮਾਨੁ ਵਿਛੁੜਿ ਦੂਰਿ ਗਈਆ ॥੨॥
ਹਰਿ ਗਤਿ ਮਿਤਿ ਕਰਤਾ ਆਪੇ ਜਾਣੈ ਸਭ ਬਿਧਿ ਹਰਿ ਹਰਿ ਆਪਿ ਬਨਈਆ ॥
ਜਿਸੁ ਸਤਿਗੁਰੁ ਭੇਟੇ ਸੁ ਕੰਚਨੁ ਹੋਵੈ ਜੋ ਧੁਰਿ ਲਿਖਿਆ ਸੁ ਮਿਟੈ ਨ ਮਿਟਈਆ ॥੩॥
ਰਤਨ ਪਦਾਰਥ ਗੁਰਮਤਿ ਪਾਵੈ ਸਾਗਰ ਭਗਤਿ ਭੰਡਾਰ ਖੁਲ੍ਹਈਆ ॥
ਗੁਰ ਚਰਣੀ ਇਕ ਸਰਧਾ ਉਪਜੀ ਮੈ ਹਰਿ ਗੁਣ ਕਹਤੇ ਤ੍ਰਿਪਤਿ ਨ ਭਈਆ ॥੪॥
ਪਰਮ ਬੈਰਾਗੁ ਨਿਤ ਨਿਤ ਹਰਿ ਧਿਆਏ ਮੈ ਹਰਿ ਗੁਣ ਕਹਤੇ ਭਾਵਨੀ ਕਹੀਆ ॥
ਬਾਰ ਬਾਰ ਖਿਨੁ ਖਿਨੁ ਪਲੁ ਕਹੀਐ ਹਰਿ ਪਾਰੁ ਨ ਪਾਵੈ ਪਰੈ ਪਰਈਆ ॥੫॥
ਸਾਸਤ ਬੇਦ ਪੁਰਾਣ ਪੁਕਾਰਹਿ ਧਰਮੁ ਕਰਹੁ ਖਟੁ ਕਰਮ ਦ੍ਰਿੜਈਆ ॥
ਮਨਮੁਖ ਪਾਖੰਡਿ ਭਰਮਿ ਵਿਗੂਤੇ ਲੋਭ ਲਹਰਿ ਨਾਵ ਭਾਰਿ ਬੁਡਈਆ ॥੬॥

ਨਾਮੁ ਜਪਹੁ ਨਾਮੇ ਗਤਿ ਪਾਵਹੁ ਸਿਮ੍ਰਿਤਿ ਸਾਸਤ੍ਰ ਨਾਮੁ ਦ੍ਰਿੜਈਆ ॥
ਹਉਮੈ ਜਾਇ ਤ ਨਿਰਮਲੁ ਹੋਵੈ ਗੁਰਮੁਖਿ ਪਰਚੈ ਪਰਮ ਪਦੁ ਪਈਆ ॥੭॥
ਇਹੁ ਜਗੁ ਵਰਨੁ ਰੂਪੁ ਸਭੁ ਤੇਰਾ ਜਿਤੁ ਲਾਵਹਿ ਸੇ ਕਰਮ ਕਮਈਆ ॥
ਨਾਨਕ ਜੰਤ ਵਜਾਏ ਵਾਜਹਿ ਜਿਤੁ ਭਾਵੈ ਤਿਤੁ ਰਾਹਿ ਚਲਈਆ ॥੮॥੨॥੫॥
ਬਿਲਾਵਲੁ ਮਹਲਾ ੪ ॥
ਗੁਰਮੁਖਿ ਅਗਮ ਅਗੋਚਰੁ ਧਿਆਇਆ ਹਉ ਬਲਿ ਬਲਿ ਸਤਿਗੁਰ ਸਤਿ ਪੁਰਖਈਆ ॥
ਰਾਮ ਨਾਮੁ ਮੇਰੈ ਪ੍ਰਾਣਿ ਵਸਾਏ ਸਤਿਗੁਰ ਪਰਸਿ ਹਰਿ ਨਾਮਿ ਸਮਈਆ ॥੧॥
ਜਨ ਕੀ ਟੇਕ ਹਰਿ ਨਾਮੁ ਟਿਕਈਆ ॥
ਸਤਿਗੁਰ ਕੀ ਧਰ ਲਾਗਾ ਜਾਵਾ ਗੁਰ ਕਿਰਪਾ ਤੇ ਹਰਿ ਦਰੁ ਲਹੀਆ ॥੧॥ ਰਹਾਉ ॥
ਇਹੁ ਸਰੀਰੁ ਕਰਮ ਕੀ ਧਰਤੀ ਗੁਰਮੁਖਿ ਮਥਿ ਮਥਿ ਤਤੁ ਕਢਈਆ ॥
ਲਾਲੁ ਜਵੇਹਰ ਨਾਮੁ ਪ੍ਰਗਾਸਿਆ ਭਾਂਡੈ ਭਾਉ ਪਵੈ ਤਿਤੁ ਅਈਆ ॥੨॥
ਦਾਸਨਿ ਦਾਸ ਦਾਸ ਹੋਇ ਰਹੀਐ ਜੋ ਜਨ ਰਾਮ ਭਗਤ ਨਿਜ ਭਈਆ ॥
ਮਨੁ ਬੁਧਿ ਅਰਪਿ ਧਰਉ ਗੁਰ ਆਗੈ ਗੁਰ ਪਰਸਾਦੀ ਮੈ ਅਕਥੁ ਕਥਈਆ ॥੩॥
ਮਨਮੁਖ ਮਾਇਆ ਮੋਹਿ ਵਿਆਪੇ ਇਹੁ ਮਨੁ ਤ੍ਰਿਸਨਾ ਜਲਤ ਤਿਖਈਆ ॥
ਗੁਰਮਤਿ ਨਾਮੁ ਅੰਮ੍ਰਿਤ ਜਲੁ ਪਾਇਆ ਅਗਨਿ ਬੁਝੀ ਗੁਰ ਸਬਦਿ ਬੁਝਈਆ ॥੪॥
ਇਹੁ ਮਨੁ ਨਾਚੈ ਸਤਿਗੁਰ ਆਗੈ ਅਨਹਦ ਸਬਦ ਧੁਨਿ ਤੂਰ ਵਜਈਆ ॥
ਹਰਿ ਹਰਿ ਉਸਤਤਿ ਕਰੈ ਦਿਨੁ ਰਾਤੀ ਰਖਿ ਰਖਿ ਚਰਣ ਹਰਿ ਤਾਲ ਪੂਰਈਆ ॥੫॥
ਹਰਿ ਕੈ ਰੰਗਿ ਰਤਾ ਮਨੁ ਗਾਵੈ ਰਸਿ ਰਸਾਲ ਰਸਿ ਸਬਦੁ ਰਵਈਆ ॥
ਨਿਜ ਘਰਿ ਧਾਰ ਚੁਐ ਅਤਿ ਨਿਰਮਲ ਜਿਨਿ ਪੀਆ ਤਿਨ ਹੀ ਸੁਖੁ ਲਹੀਆ ॥੬॥
ਮਨਹਠਿ ਕਰਮ ਕਰੈ ਅਭਿਮਾਨੀ ਜਿਉ ਬਾਲਕ ਬਾਲੂ ਘਰ ਉਸਰਈਆ ॥
ਆਵੈ ਲਹਰਿ ਸਮੁੰਦ ਸਾਗਰ ਕੀ ਖਿਨ ਮਹਿ ਭਿੰਨ ਭਿੰਨ ਢਹਿ ਪਈਆ ॥੭॥
ਹਰਿ ਸਰੁ ਸਾਗਰੁ ਹਰਿ ਹੈ ਆਪੇ ਇਹੁ ਜਗੁ ਹੈ ਸਭੁ ਖੇਲੁ ਖੇਲਈਆ ॥
ਜਿਉ ਜਲ ਤਰੰਗ ਜਲੁ ਜਲਹਿ ਸਮਾਵਹਿ ਨਾਨਕ ਆਪੇ ਆਪਿ ਰਮਈਆ ॥੮॥੩॥੬॥
ਬਿਲਾਵਲੁ ਮਹਲਾ ੪ ॥
ਅੰਤਰਿ ਪਿਆਸ ਉਠੀ ਪ੍ਰਭ ਕੇਰੀ ਸੁਣਿ ਗੁਰ ਬਚਨ ਮਨਿ ਤੀਰ ਲਗਈਆ ॥
ਮਨ ਕੀ ਬਿਰਥਾ ਮਨ ਹੀ ਜਾਣੈ ਅਵਰੁ ਕਿ ਜਾਣੈ ਕੋ ਪੀਰ ਪਰਈਆ ॥੧॥
ਰਾਮ ਗੁਰਿ ਮੋਹਨਿ ਮੋਹਿ ਮਨੁ ਲਈਆ ॥
ਹਉ ਆਕਲ ਬਿਕਲ ਭਈ ਗੁਰ ਦੇਖੇ ਹਉ ਲੋਟ ਪੋਟ ਹੋਇ ਪਈਆ ॥੧॥ ਰਹਾਉ ॥
ਹਉ ਨਿਰਖਤ ਫਿਰਉ ਸਭਿ ਦੇਸ ਦਿਸੰਤਰ ਮੈ ਪ੍ਰਭ ਦੇਖਨ ਕੋ ਬਹੁਤੁ ਮਨਿ ਚਈਆ ॥
ਮਨੁ ਤਨੁ ਕਾਟਿ ਦੇਉ ਗੁਰ ਆਗੈ ਜਿਨਿ ਹਰਿ ਪ੍ਰਭ ਮਾਰਗੁ ਪੰਥੁ ਦਿਖਈਆ ॥੨॥
ਕੋਈ ਆਣਿ ਸਦੇਸਾ ਦੇਇ ਪ੍ਰਭ ਕੇਰਾ ਰਿਦ ਅੰਤਰਿ ਮਨਿ ਤਨਿ ਮੀਠ ਲਗਈਆ ॥
ਮਸਤਕੁ ਕਾਟਿ ਦੇਉ ਚਰਣਾ ਤਲਿ ਜੋ ਹਰਿ ਪ੍ਰਭੁ ਮੇਲੇ ਮੇਲਿ ਮਿਲਈਆ ॥੩॥
ਚਲੁ ਚਲੁ ਸਖੀ ਹਮ ਪ੍ਰਭੁ ਪਰਬੋਧਹ ਗੁਣ ਕਾਮਣ ਕਰਿ ਹਰਿ ਪ੍ਰਭੁ ਲਹੀਆ ॥
ਭਗਤਿ ਵਛਲੁ ਉਆ ਕੋ ਨਾਮੁ ਕਹੀਅਤੁ ਹੈ ਸਰਣਿ ਪ੍ਰਭੂ ਤਿਸੁ ਪਾਛੈ ਪਈਆ ॥੪॥
ਖਿਮਾ ਸੀਗਾਰ ਕਰੇ ਪ੍ਰਭ ਖੁਸੀਆ ਮਨਿ ਦੀਪਕ ਗੁਰ ਗਿਆਨੁ ਬਲਈਆ ॥

ਰਸਿ ਰਸਿ ਭੋਗ ਕਰੇ ਪ੍ਰਭੁ ਮੇਰਾ ਹਮ ਤਿਸੁ ਆਗੈ ਜੀਉ ਕਟਿ ਕਟਿ ਪਈਆ ॥੫॥
ਹਰਿ ਹਰਿ ਹਾਰੁ ਕੰਠਿ ਹੈ ਬਨਿਆ ਮਨੁ ਮੋਤੀਚੂਰੁ ਵਡ ਗਹਨ ਗਹਨਈਆ ॥
ਹਰਿ ਹਰਿ ਸਰਧਾ ਸੇਜ ਵਿਛਾਈ ਪ੍ਰਭੁ ਛੋਡਿ ਨ ਸਕੈ ਬਹੁਤੁ ਮਨਿ ਭਈਆ ॥੬॥
ਕਹੈ ਪ੍ਰਭੁ ਅਵਰੁ ਅਵਰੁ ਕਿਛੁ ਕੀਜੈ ਸਭੁ ਬਾਦਿ ਸੀਗਾਰੁ ਫੋਕਟ ਫੋਕਟਈਆ ॥
ਕੀਓ ਸੀਗਾਰੁ ਮਿਲਣ ਕੈ ਤਾਈ ਪ੍ਰਭੁ ਲੀਓ ਸੁਹਾਗਨਿ ਥੂਕ ਮੁਖਿ ਪਈਆ ॥੭॥
ਹਮ ਚੇਰੀ ਤੂ ਅਗਮ ਗੁਸਾਈ ਕਿਆ ਹਮ ਕਰਹ ਤੇਰੈ ਵਸਿ ਪਈਆ ॥
ਦਇਆ ਦੀਨ ਕਰਹੁ ਰਖਿ ਲੇਵਹੁ ਨਾਨਕ ਹਰਿ ਗੁਰ ਸਰਣਿ ਸਮਈਆ ॥੮॥੫॥੮॥
ਬਲਾਵਲੁ ਮਹਲਾ ੪ ॥
ਮੈ ਮਨਿ ਤਨਿ ਪ੍ਰੇਮੁ ਅਗਮ ਠਾਕੁਰ ਕਾ ਖਿਨੁ ਖਿਨੁ ਸਰਧਾ ਮਨਿ ਬਹੁਤੁ ਉਠਈਆ ॥
ਗੁਰ ਦੇਖੇ ਸਰਧਾ ਮਨ ਪੂਰੀ ਜਿਉ ਚਾਤ੍ਰਿਕ ਪ੍ਰਿਉ ਪ੍ਰਿਉ ਬੂੰਦ ਮੁਖਿ ਪਈਆ ॥੧॥
ਮਿਲੁ ਮਿਲੁ ਸਖੀ ਹਰਿ ਕਥਾ ਸੁਨਈਆ ॥
ਸਤਿਗੁਰੁ ਦਇਆ ਕਰੇ ਪ੍ਰਭੁ ਮੇਲੇ ਮੈ ਤਿਸੁ ਆਗੈ ਸਿਰੁ ਕਟਿ ਕਟਿ ਪਈਆ ॥੧॥ ਰਹਾਉ ॥
ਰੋਮਿ ਰੋਮਿ ਮਨਿ ਤਨਿ ਇਕ ਬੇਦਨ ਮੈ ਪ੍ਰਭ ਦੇਖੇ ਬਿਨੁ ਨੀਦ ਨ ਪਈਆ ॥
ਬੈਦਕ ਨਾਟਿਕ ਦੇਖਿ ਭੁਲਾਨੇ ਮੈ ਹਿਰਦੈ ਮਨਿ ਤਨਿ ਪ੍ਰੇਮ ਪੀਰ ਲਗਈਆ ॥੨॥
ਹਉ ਖਿਨੁ ਪਲੁ ਰਹਿ ਨ ਸਕਉ ਬਿਨੁ ਪ੍ਰੀਤਮ ਜਿਉ ਬਿਨੁ ਅਮਲੈ ਅਮਲੀ ਮਰਿ ਗਈਆ ॥
ਜਿਨ ਕਉ ਪਿਆਸ ਹੋਇ ਪ੍ਰਭ ਕੇਰੀ ਤਿਨ੍ ਅਵਰੁ ਨ ਭਾਵੈ ਬਿਨੁ ਹਰਿ ਕੋ ਦੁਈਆ ॥੩॥
ਕੋਈ ਆਨਿ ਆਨਿ ਮੇਰਾ ਪ੍ਰਭੂ ਮਿਲਾਵੈ ਹਉ ਤਿਸੁ ਵਿਟਹੁ ਬਲਿ ਬਲਿ ਘੁਮਿ ਗਈਆ ॥
ਅਨੇਕ ਜਨਮ ਕੇ ਵਿਛੁੜੇ ਜਨ ਮੇਲੇ ਜਾ ਸਤਿ ਸਤਿ ਸਤਿਗੁਰ ਸਰਣਿ ਪਵਈਆ ॥੪॥
ਸੇਜ ਏਕ ਏਕੋ ਪ੍ਰਭੁ ਠਾਕੁਰੁ ਮਹਲੁ ਨ ਪਾਵੈ ਮਨਮੁਖ ਭਰਮਈਆ ॥
ਗੁਰੁ ਗੁਰੁ ਕਰਤ ਸਰਣਿ ਜੇ ਆਵੈ ਪ੍ਰਭੁ ਆਇ ਮਿਲੈ ਖਿਨੁ ਢੀਲ ਨ ਪਈਆ ॥੫॥
ਕਰਿ ਕਰਿ ਕਿਰਿਆਚਾਰ ਵਧਾਏ ਮਨਿ ਪਾਖੰਡ ਕਰਮੁ ਕਪਟ ਲੋਭਈਆ ॥
ਬੇਸੁਆ ਕੈ ਘਰਿ ਬੇਟਾ ਜਨਮਿਆ ਪਿਤਾ ਤਾਹਿ ਕਿਆ ਨਾਮੁ ਸਦਈਆ ॥੬॥
ਪੂਰਬ ਜਨਮਿ ਭਗਤਿ ਕਰਿ ਆਏ ਗੁਰਿ ਹਰਿ ਹਰਿ ਹਰਿ ਹਰਿ ਭਗਤਿ ਜਮਈਆ ॥
ਭਗਤਿ ਭਗਤਿ ਕਰਤੇ ਹਰਿ ਪਾਇਆ ਜਾ ਹਰਿ ਹਰਿ ਹਰਿ ਹਰਿ ਨਾਮਿ ਸਮਈਆ ॥੭॥
ਪ੍ਰਭਿ ਆਣਿ ਆਣਿ ਮਹਿੰਦੀ ਪੀਸਾਈ ਆਪੇ ਘੋਲਿ ਘੋਲਿ ਅੰਗਿ ਲਈਆ ॥
ਜਿਨ ਕਉ ਠਾਕੁਰਿ ਕਿਰਪਾ ਧਾਰੀ ਬਾਹ ਪਕਰਿ ਨਾਨਕ ਕਢਿ ਲਈਆ ॥੮॥੬॥੨॥੧॥੬॥੯॥
ਨਟ ਅਸਟਪਦੀਆ ਮਹਲਾ ੪
ੴ ਸਤਿਗੁਰ ਪ੍ਰਸਾਦਿ ॥
ਰਾਮ ਮੇਰੇ ਮਨਿ ਤਨਿ ਨਾਮੁ ਅਧਾਰੇ ॥
ਖਿਨੁ ਪਲੁ ਰਹਿ ਨ ਸਕਉ ਬਿਨੁ ਸੇਵਾ ਮੈ ਗੁਰਮਤਿ ਨਾਮੁ ਸਮ੍ਾਰੇ ॥੧॥ ਰਹਾਉ ॥
ਹਰਿ ਹਰਿ ਹਰਿ ਹਰਿ ਹਰਿ ਮਨਿ ਧਿਆਵਹੁ ਮੈ ਹਰਿ ਹਰਿ ਨਾਮੁ ਪਿਆਰੇ ॥
ਦੀਨ ਦਇਆਲ ਭਏ ਪ੍ਰਭ ਠਾਕੁਰ ਗੁਰ ਕੈ ਸਬਦਿ ਸਵਾਰੇ ॥੧॥
ਮਧਸੂਦਨ ਜਗਜੀਵਨ ਮਾਧੋ ਮੇਰੇ ਠਾਕੁਰ ਅਗਮ ਅਪਾਰੇ ॥
ਇਕ ਬਿਨਉ ਬੇਨਤੀ ਕਰਉ ਗੁਰ ਆਗੈ ਮੈ ਸਾਧੂ ਚਰਨ ਪਖਾਰੇ ॥੨॥
ਸਹਸ ਨੇਤ੍ਰ ਨੇਤ੍ਰ ਹੈ ਪ੍ਰਭ ਕਉ ਪ੍ਰਭ ਏਕੋ ਪੁਰਖੁ ਨਿਰਾਰੇ ॥

ਸਹਸ ਮੂਰਤਿ ਏਕੋ ਪ੍ਰਭੁ ਠਾਕੁਰੁ ਪ੍ਰਭੁ ਏਕੋ ਗੁਰਮਤਿ ਤਾਰੇ ॥੩॥
ਗੁਰਮਤਿ ਨਾਮੁ ਦਮੋਦਰੁ ਪਾਇਆ ਹਰਿ ਹਰਿ ਨਾਮੁ ਉਰਿ ਧਾਰੇ ॥
ਹਰਿ ਹਰਿ ਕਥਾ ਬਨੀ ਅਤਿ ਮੀਠੀ ਜਿਉ ਗੂੰਗਾ ਗਟਕ ਸਮ੍ਾਰੇ ॥੪॥
ਰਸਨਾ ਸਾਦ ਚਖੈ ਭਾਇ ਦੂਜੈ ਅਤਿ ਫੀਕੇ ਲੋਭ ਬਿਕਾਰੇ ॥
ਜੋ ਗੁਰਮੁਖਿ ਸਾਦ ਚਖਹਿ ਰਾਮ ਨਾਮਾ ਸਭ ਅਨ ਰਸ ਸਾਦ ਬਿਸਾਰੇ ॥੫॥
ਗੁਰਮਤਿ ਰਾਮ ਨਾਮੁ ਧਨੁ ਪਾਇਆ ਸੁਣਿ ਕਹਤਿਆ ਪਾਪ ਨਿਵਾਰੇ ॥
ਧਰਮ ਰਾਇ ਜਮੁ ਨੇੜਿ ਨ ਆਵੈ ਮੇਰੇ ਠਾਕੁਰ ਕੇ ਜਨ ਪਿਆਰੇ ॥੬॥
ਸਾਸ ਸਾਸ ਸਾਸ ਹੈ ਜੇਤੇ ਮੈ ਗੁਰਮਤਿ ਨਾਮੁ ਸਮ੍ਾਰੇ ॥
ਸਾਸੁ ਸਾਸੁ ਜਾਇ ਨਾਮੈ ਬਿਨੁ ਸੋ ਬਿਰਥਾ ਸਾਸੁ ਬਿਕਾਰੇ ॥੭॥
ਕ੍ਰਿਪਾ ਕ੍ਰਿਪਾ ਕਰਿ ਦੀਨ ਪ੍ਰਭ ਸਰਨੀ ਮੋ ਕਉ ਹਰਿ ਜਨ ਮੇਲਿ ਪਿਆਰੇ ॥
ਨਾਨਕ ਦਾਸਨਿ ਦਾਸੁ ਕਹਤੁ ਹੈ ਹਮ ਦਾਸਨ ਕੇ ਪਨਿਹਾਰੇ ॥੮॥੧॥
ਨਟ ਮਹਲਾ ੪ ॥
ਰਾਮ ਹਰਿ ਅੰਮ੍ਰਿਤ ਸਰਿ ਨਾਵਾਰੇ ॥
ਸਤਿਗੁਰਿ ਗਿਆਨੁ ਮਜਨੁ ਹੈ ਨੀਕੋ ਮਿਲਿ ਕਲਮਲ ਪਾਪ ਉਤਾਰੇ ॥੧॥ ਰਹਾਉ ॥
ਸੰਗਤਿ ਕਾ ਗੁਨੁ ਬਹੁਤੁ ਅਧਿਕਾਈ ਪੜਿ ਸੂਆ ਗਨਕ ਉਧਾਰੇ ॥
ਪਰਸ ਨਪਰਸ ਭਏ ਕੁਬਿਜਾ ਕਉ ਲੈ ਬੈਕੁੰਠਿ ਸਿਧਾਰੇ ॥੧॥
ਅਜਾਮਲ ਪ੍ਰੀਤਿ ਪੁਤ੍ਰ ਪ੍ਰਤਿ ਕੀਨੀ ਕਰਿ ਨਾਰਾਇਣ ਬੋਲਾਰੇ ॥
ਮੇਰੇ ਠਾਕੁਰ ਕੈ ਮਨਿ ਭਾਇ ਭਾਵਨੀ ਜਮਕੰਕਰ ਮਾਰਿ ਬਿਦਾਰੇ ॥੨॥
ਮਾਨੁਖੁ ਕਥੈ ਕਥਿ ਲੋਕ ਸੁਨਾਵੈ ਜੋ ਬੋਲੈ ਸੋ ਨ ਬੀਚਾਰੇ ॥
ਸਤਸੰਗਤਿ ਮਿਲੈ ਤ ਦਿੜਤਾ ਆਵੈ ਹਰਿ ਰਾਮ ਨਾਮਿ ਨਿਸਤਾਰੇ ॥੩॥
ਜਬ ਲਗੁ ਜੀਉ ਪਿੰਡੁ ਹੈ ਸਾਬਤੁ ਤਬ ਲਗਿ ਕਿਛੁ ਨ ਸਮਾਰੇ ॥
ਜਬ ਘਰ ਮੰਦਰਿ ਆਗਿ ਲਗਾਨੀ ਕਢਿ ਕੂਪੁ ਕਢੈ ਪਨਿਹਾਰੇ ॥੪॥
ਸਾਕਤ ਸਿਉ ਮਨ ਮੇਲੁ ਨ ਕਰੀਅਹੁ ਜਿਨਿ ਹਰਿ ਹਰਿ ਨਾਮੁ ਬਿਸਾਰੇ ॥
ਸਾਕਤ ਬਚਨ ਬਿਛੂਆ ਜਿਉ ਡਸੀਐ ਤਜਿ ਸਾਕਤ ਪਰੈ ਪਰਾਰੇ ॥੫॥
ਲਗਿ ਲਗਿ ਪ੍ਰੀਤਿ ਬਹੁ ਪ੍ਰੀਤਿ ਲਗਾਈ ਲਗਿ ਸਾਧੂ ਸੰਗਿ ਸਵਾਰੇ ॥
ਗੁਰ ਕੇ ਬਚਨ ਸਤਿ ਸਤਿ ਕਰਿ ਮਾਨੇ ਮੇਰੇ ਠਾਕੁਰ ਬਹੁਤੁ ਪਿਆਰੇ ॥੬॥
ਪੂਰਬਿ ਜਨਮਿ ਪਰਚੂਨ ਕਮਾਏ ਹਰਿ ਹਰਿ ਹਰਿ ਨਾਮਿ ਪਿਆਰੇ ॥
ਗੁਰ ਪ੍ਰਸਾਦਿ ਅੰਮ੍ਰਿਤ ਰਸੁ ਪਾਇਆ ਰਸੁ ਗਾਵੈ ਰਸੁ ਵੀਚਾਰੇ ॥੭॥
ਹਰਿ ਹਰਿ ਰੂਪ ਰੰਗਿ ਸਭਿ ਤੇਰੇ ਮੇਰੇ ਲਾਲਨ ਲਾਲ ਗੁਲਾਰੇ ॥
ਜੈਸਾ ਰੰਗੁ ਦੇਹਿ ਸੋ ਹੋਵੈ ਕਿਆ ਨਾਨਕ ਜੰਤ ਵਿਚਾਰੇ ॥੮॥੩॥
ਨਟ ਮਹਲਾ ੪ ॥
ਰਾਮ ਕਰਿ ਕਿਰਪਾ ਲੇਹੁ ਉਬਾਰੇ ॥
ਜਿਉ ਪਕਰਿ ਦ੍ਰੋਪਤੀ ਦੁਸਟਾਂ ਆਨੀ ਹਰਿ ਹਰਿ ਲਾਜ ਨਿਵਾਰੇ ॥੧॥ ਰਹਾਉ ॥
ਕਰਿ ਕਿਰਪਾ ਜਾਚਿਕ ਜਨ ਤੇਰੇ ਇਕੁ ਮਾਗਉ ਦਾਨੁ ਪਿਆਰੇ ॥
ਸਤਿਗੁਰ ਕੀ ਨਿਤ ਸਰਧਾ ਲਾਗੀ ਮੋ ਕਉ ਹਰਿ ਗੁਰੁ ਮੇਲਿ ਸਵਾਰੇ ॥੧॥

ਸਾਕਤ ਕਰਮ ਪਾਣੀ ਜਿਉ ਮਥੀਐ ਨਿਤ ਪਾਣੀ ਝੋਲ ਝੁਲਾਰੇ ॥
ਮਿਲਿ ਸਤਸੰਗਤਿ ਪਰਮ ਪਦੁ ਪਾਇਆ ਕਢਿ ਮਾਖਨ ਕੇ ਗਟਕਾਰੇ ॥੨॥
ਨਿਤ ਨਿਤ ਕਾਇਆ ਮਜਨੁ ਕੀਆ ਨਿਤ ਮਲਿ ਮਲਿ ਦੇਹ ਸਵਾਰੇ ॥
ਮੇਰੇ ਸਤਿਗੁਰ ਕੇ ਮਨਿ ਬਚਨ ਨ ਭਾਏ ਸਭ ਫੋਕਟ ਚਾਰ ਸੀਗਾਰੇ ॥੩॥
ਮਟਕਿ ਮਟਕਿ ਚਲੁ ਸਖੀ ਸਹੇਲੀ ਮੇਰੇ ਠਾਕੁਰ ਕੇ ਗੁਨ ਸਾਰੇ ॥
ਗੁਰਮੁਖਿ ਸੇਵਾ ਮੇਰੇ ਪ੍ਰਭ ਭਾਈ ਮੈ ਸਤਿਗੁਰ ਅਲਖੁ ਲਖਾਰੇ ॥੪॥
ਨਾਰੀ ਪੁਰਖੁ ਪੁਰਖੁ ਸਭ ਨਾਰੀ ਸਭੁ ਏਕੋ ਪੁਰਖੁ ਮੁਰਾਰੇ ॥
ਸੰਤ ਜਨਾ ਕੀ ਰੇਨੁ ਮਨਿ ਭਾਈ ਮਿਲਿ ਹਰਿ ਜਨ ਹਰਿ ਨਿਸਤਾਰੇ ॥੫॥
ਗ੍ਰਾਮ ਗ੍ਰਾਮ ਨਗਰ ਸਭ ਫਿਰਿਆ ਰਿਦ ਅੰਤਰਿ ਹਰਿ ਜਨ ਭਾਰੇ ॥
ਸਰਧਾ ਸਰਧਾ ਉਪਾਇ ਮਿਲਾਏ ਮੋ ਕਉ ਹਰਿ ਗੁਰ ਗੁਰਿ ਨਿਸਤਾਰੇ ॥੬॥
ਪਵਨ ਸੂਤੁ ਸਭੁ ਨੀਕਾ ਕਰਿਆ ਸਤਿਗੁਰਿ ਸਬਦੁ ਵੀਚਾਰੇ ॥
ਨਿਜ ਘਰਿ ਜਾਇ ਅੰਮ੍ਰਿਤ ਰਸੁ ਪੀਆ ਬਿਨੁ ਨੈਨਾ ਜਗਤੁ ਨਿਹਾਰੇ ॥੭॥
ਤਉ ਗੁਨ ਈਸ ਬਰਨਿ ਨਹੀ ਸਾਕਉ ਤੁਮ ਮੰਦਰ ਹਮ ਨਿਕ ਕੀਰੇ ॥
ਨਾਨਕ ਕ੍ਰਿਪਾ ਕਰਹੁ ਗੁਰ ਮੇਲਹੁ ਮੈ ਰਾਮੁ ਜਪਤ ਮਨੁ ਧੀਰੇ ॥੮॥੫॥
ਨਟ ਮਹਲਾ ੪ ॥
ਮੇਰੇ ਮਨ ਭਜੁ ਠਾਕੁਰ ਅਗਮ ਅਪਾਰੇ ॥
ਹਮ ਪਾਪੀ ਬਹੁ ਨਿਰਗੁਣੀਆਰੇ ਕਰਿ ਕਿਰਪਾ ਗੁਰਿ ਨਿਸਤਾਰੇ ॥੧॥ ਰਹਾਉ ॥
ਸਾਧੂ ਪੁਰਖ ਸਾਧ ਜਨ ਪਾਏ ਇਕ ਬਿਨਉ ਕਰਉ ਗੁਰ ਪਿਆਰੇ ॥
ਰਾਮ ਨਾਮੁ ਧਨੁ ਪੂਜੀ ਦੇਵਹੁ ਸਭੁ ਤਿਸਨਾ ਭੂਖ ਨਿਵਾਰੇ ॥੧॥
ਪਚੈ ਪਤੰਗੁ ਮ੍ਰਿਗ ਭ੍ਰਿੰਗ ਕੁੰਚਰ ਮੀਨ ਇਕ ਇੰਦ੍ਰੀ ਪਕਰਿ ਸਘਾਰੇ ॥
ਪੰਚ ਭੂਤ ਸਬਲ ਹੈ ਦੇਹੀ ਗੁਰੁ ਸਤਿਗੁਰੁ ਪਾਪ ਨਿਵਾਰੇ ॥੨॥
ਸਾਸਤ੍ਰ ਬੇਦ ਸੋਧਿ ਸੋਧਿ ਦੇਖੇ ਮੁਨਿ ਨਾਰਦ ਬਚਨ ਪੁਕਾਰੇ ॥
ਰਾਮ ਨਾਮੁ ਪੜਹੁ ਗਤਿ ਪਾਵਹੁ ਸਤਸੰਗਤਿ ਗੁਰਿ ਨਿਸਤਾਰੇ ॥੩॥
ਪ੍ਰੀਤਮ ਪ੍ਰੀਤਿ ਲਗੀ ਪ੍ਰਭ ਕੇਰੀ ਜਿਵ ਸੂਰਜੁ ਕਮਲੁ ਨਿਹਾਰੇ ॥
ਮੇਰ ਸੁਮੇਰ ਮੋਰੁ ਬਹੁ ਨਾਚੈ ਜਬ ਉਨਵੈ ਘਨ ਘਨਹਾਰੇ ॥੪॥
ਸਾਕਤ ਕਉ ਅੰਮ੍ਰਿਤ ਬਹੁ ਸਿੰਚਹੁ ਸਭ ਡਾਲ ਫੂਲ ਬਿਸੁਕਾਰੇ ॥
ਜਿਉ ਜਿਉ ਨਿਵਹਿ ਸਾਕਤ ਨਰ ਸੇਤੀ ਛੇੜਿ ਛੇੜਿ ਕਢੈ ਬਿਖੁ ਖਾਰੇ ॥੫॥
ਸੰਤਨ ਸੰਤ ਸਾਧ ਮਿਲਿ ਰਹੀਐ ਗੁਣ ਬੋਲਹਿ ਪਰਉਪਕਾਰੇ ॥
ਸੰਤੈ ਸੰਤੁ ਮਿਲੈ ਮਨੁ ਬਿਗਸੈ ਜਿਉ ਜਲ ਮਿਲਿ ਕਮਲ ਸਵਾਰੇ ॥੬॥
ਲੋਭ ਲਹਰਿ ਸਭੁ ਸੁਆਨੁ ਹਲਕੁ ਹੈ ਹਲਕਿਓ ਸਭਹਿ ਬਿਗਾਰੇ ॥
ਮੇਰੇ ਠਾਕੁਰ ਕੈ ਦੀਬਾਨਿ ਖਬਰਿ ਹੋਈ ਗੁਰਿ ਗਿਆਨੁ ਖੜਗੁ ਲੈ ਮਾਰੇ ॥੭॥
ਰਾਖੁ ਰਾਖੁ ਰਾਖੁ ਪ੍ਰਭ ਮੇਰੇ ਮੈ ਰਾਖਹੁ ਕਿਰਪਾ ਧਾਰੇ ॥
ਨਾਨਕ ਮੈ ਧਰ ਅਵਰ ਨ ਕਾਈ ਮੈ ਸਤਿਗੁਰੁ ਗੁਰੁ ਨਿਸਤਾਰੇ ॥੮॥੬॥
ਕਾਨੜਾ ਅਸਟਪਦੀਆ ਮਹਲਾ ੪ ਘਰੁ ੧
ੴ ਸਤਿਗੁਰ ਪ੍ਰਸਾਦਿ ॥

ਜਪਿ ਮਨ ਰਾਮ ਨਾਮੁ ਸੁਖੁ ਪਾਵੈਗੋ ॥
ਜਿਉ ਜਿਉ ਜਪੈ ਤਿਵੈ ਸੁਖੁ ਪਾਵੈ ਸਤਿਗੁਰੁ ਸੇਵਿ ਸਮਾਵੈਗੋ ॥੧॥ ਰਹਾਉ ॥
ਭਗਤ ਜਨਾਂ ਕੀ ਖਿਨੁ ਖਿਨੁ ਲੋਚਾ ਨਾਮੁ ਜਪਤ ਸੁਖੁ ਪਾਵੈਗੋ ॥
ਅਨ ਰਸ ਸਾਦ ਗਏ ਸਭ ਨੀਕਰਿ ਬਿਨੁ ਨਾਵੈ ਕਿਛੁ ਨ ਸੁਖਾਵੈਗੋ ॥੧॥
ਗੁਰਮਤਿ ਹਰਿ ਹਰਿ ਮੀਠਾ ਲਾਗਾ ਗੁਰੁ ਮੀਠੇ ਬਚਨ ਕਢਾਵੈਗੋ ॥
ਸਤਿਗੁਰ ਬਾਣੀ ਪੁਰਖੁ ਪੁਰਖੋਤਮ ਬਾਣੀ ਸਿਉ ਚਿਤੁ ਲਾਵੈਗੋ ॥੨॥
ਗੁਰਬਾਣੀ ਸੁਨਤ ਮੇਰਾ ਮਨੁ ਦ੍ਰਵਿਆ ਮਨੁ ਭੀਨਾ ਨਿਜ ਘਰਿ ਆਵੈਗੋ ॥
ਤਹ ਅਨਹਤ ਧੁਨੀ ਬਾਜਹਿ ਨਿਤ ਬਾਜੇ ਨੀਝਰ ਧਾਰ ਚੁਆਵੈਗੋ ॥੩॥
ਰਾਮ ਨਾਮੁ ਇਕੁ ਤਿਲ ਤਿਲ ਗਾਵੈ ਮਨੁ ਗੁਰਮਤਿ ਨਾਮਿ ਸਮਾਵੈਗੋ ॥
ਨਾਮੁ ਸੁਣੈ ਨਾਮੋ ਮਨਿ ਭਾਵੈ ਨਾਮੇ ਹੀ ਤ੍ਰਿਪਤਾਵੈਗੋ ॥੪॥
ਕਨਿਕ ਕਨਿਕ ਪਹਿਰੇ ਬਹੁ ਕੰਗਨਾ ਕਾਪਰੁ ਭਾਂਤਿ ਬਨਾਵੈਗੋ ॥
ਨਾਮ ਬਿਨਾ ਸਭਿ ਫੀਕ ਫਿਕਾਨੇ ਜਨਮਿ ਮਰੈ ਫਿਰਿ ਆਵੈਗੋ ॥੫॥
ਮਾਇਆ ਪਟਲ ਪਟਲ ਹੈ ਭਾਰੀ ਘਰੁ ਘੂਮਨਿ ਘੇਰਿ ਘੁਲਾਵੈਗੋ ॥
ਪਾਪ ਬਿਕਾਰ ਮਨੂਰ ਸਭਿ ਭਾਰੇ ਬਿਖੁ ਦੁਤਰੁ ਤਰਿਓ ਨ ਜਾਵੈਗੋ ॥੬॥
ਭਉ ਬੈਰਾਗੁ ਭਇਆ ਹੈ ਬੋਹਿਥੁ ਗੁਰੁ ਖੇਵਟੁ ਸਬਦਿ ਤਰਾਵੈਗੋ ॥
ਰਾਮ ਨਾਮੁ ਹਰਿ ਭੇਟੀਐ ਹਰਿ ਰਾਮੈ ਨਾਮਿ ਸਮਾਵੈਗੋ ॥੭॥
ਅਗਿਆਨਿ ਲਾਇ ਸਵਾਲਿਆ ਗੁਰ ਗਿਆਨੈ ਲਾਇ ਜਗਾਵੈਗੋ ॥
ਨਾਨਕ ਭਾਣੈ ਆਪਣੈ ਜਿਉ ਭਾਵੈ ਤਿਵੈ ਚਲਾਵੈਗੋ ॥੮॥੧॥
ਕਾਨੜਾ ਮਹਲਾ ੪ ॥
ਜਪਿ ਮਨ ਹਰਿ ਹਰਿ ਨਾਮੁ ਤਰਾਵੈਗੋ ॥
ਜੋ ਜੋ ਜਪੈ ਸੋਈ ਗਤਿ ਪਾਵੈ ਜਿਉ ਧ੍ਰੂ ਪ੍ਰਹਿਲਾਦੁ ਸਮਾਵੈਗੋ ॥੧॥ ਰਹਾਉ ॥
ਕ੍ਰਿਪਾ ਕ੍ਰਿਪਾ ਕ੍ਰਿਪਾ ਕਰਿ ਹਰਿ ਜੀਉ ਕਰਿ ਕਿਰਪਾ ਨਾਮਿ ਲਗਾਵੈਗੋ ॥
ਕਰਿ ਕਿਰਪਾ ਸਤਿਗੁਰੂ ਮਿਲਾਵਹੁ ਮਿਲਿ ਸਤਿਗੁਰ ਨਾਮੁ ਧਿਆਵੈਗੋ ॥੧॥
ਜਨਮ ਜਨਮ ਕੀ ਹਉਮੈ ਮਲੁ ਲਾਗੀ ਮਿਲਿ ਸੰਗਤਿ ਮਲੁ ਲਹਿ ਜਾਵੈਗੋ ॥
ਜਿਉ ਲੋਹਾ ਤਰਿਓ ਸੰਗਿ ਕਾਸਟ ਲਗਿ ਸਬਦਿ ਗੁਰੂ ਹਰਿ ਪਾਵੈਗੋ ॥੨॥
ਸੰਗਤਿ ਸੰਤ ਮਿਲਹੁ ਸਤਸੰਗਤਿ ਮਿਲਿ ਸੰਗਤਿ ਹਰਿ ਰਸੁ ਆਵੈਗੋ ॥
ਬਿਨੁ ਸੰਗਤਿ ਕਰਮ ਕਰੈ ਅਭਿਮਾਨੀ ਕਢਿ ਪਾਣੀ ਚੀਕੜੁ ਪਾਵੈਗੋ ॥੩॥
ਭਗਤ ਜਨਾ ਕੇ ਹਰਿ ਰਖਵਾਰੇ ਜਨ ਹਰਿ ਰਸੁ ਮੀਠ ਲਗਾਵੈਗੋ ॥
ਖਿਨੁ ਖਿਨੁ ਨਾਮੁ ਦੇਇ ਵਡਿਆਈ ਸਤਿਗੁਰ ਉਪਦੇਸਿ ਸਮਾਵੈਗੋ ॥੪॥
ਭਗਤ ਜਨਾ ਕਉ ਸਦਾ ਨਿਵਿ ਰਹੀਐ ਜਨ ਨਿਵਹਿ ਤਾ ਫਲ ਗੁਨ ਪਾਵੈਗੋ ॥
ਜੋ ਨਿੰਦਾ ਦੁਸਟ ਕਰਹਿ ਭਗਤਾ ਕੀ ਹਰਨਾਖਸ ਜਿਉ ਪਚਿ ਜਾਵੈਗੋ ॥੫॥
ਬ੍ਰਹਮ ਕਮਲ ਪੁਤੁ ਮੀਨ ਬਿਆਸਾ ਤਪੁ ਤਾਪਨ ਪੂਜ ਕਰਾਵੈਗੋ ॥
ਜੋ ਜੋ ਭਗਤੁ ਹੋਇ ਸੋ ਪੂਜਹੁ ਭਰਮਨ ਭਰਮੁ ਚੁਕਾਵੈਗੋ ॥੬॥
ਜਾਤ ਨਜਾਤਿ ਦੇਖਿ ਮਤ ਭਰਮਹੁ ਸੁਕ ਜਨਕ ਪਗੀਂ ਲਗਿ ਧਿਆਵੈਗੋ ॥
ਜੂਠਨ ਜੂਠਿ ਪਈ ਸਿਰ ਊਪਰਿ ਖਿਨੁ ਮਨੂਆ ਤਿਲੁ ਨ ਡੁਲਾਵੈਗੋ ॥੭॥

ਜਨਕ ਜਨਕ ਬੈਠੇ ਸਿੰਘਾਸਨਿ ਨਉ ਮੁਨੀ ਧੂਰਿ ਲੈ ਲਾਵੈਗੋ ॥
ਨਾਨਕ ਕ੍ਰਿਪਾ ਕ੍ਰਿਪਾ ਕਰਿ ਠਾਕੁਰ ਮੈ ਦਾਸਨਿ ਦਾਸ ਕਰਾਵੈਗੋ ॥੮॥੨॥
ਕਾਨੜਾ ਮਹਲਾ ੪ ॥
ਮਨੁ ਗੁਰਮਤਿ ਰਸਿ ਗੁਨ ਗਾਵੈਗੋ ॥
ਜਿਹਵਾ ਏਕ ਹੋਇ ਲਖ ਕੋਟੀ ਲਖ ਕੋਟੀ ਕੋਟਿ ਧਿਆਵੈਗੋ ॥੧॥ ਰਹਾਉ ॥
ਸਹਸ ਫਨੀ ਜਪਿਓ ਸੇਖਨਾਗੈ ਹਰਿ ਜਪਤਿਆ ਅੰਤੁ ਨ ਪਾਵੈਗੋ ॥
ਤੂ ਅਥਾਹੁ ਅਤਿ ਅਗਮੁ ਅਗਮੁ ਹੈ ਮਤਿ ਗੁਰਮਤਿ ਮਨੁ ਠਹਰਾਵੈਗੋ ॥੧॥
ਜਿਨ ਤੂ ਜਪਿਓ ਤੇਈ ਜਨ ਨੀਕੇ ਹਰਿ ਜਪਤਿਅਹੁ ਕਉ ਸੁਖੁ ਪਾਵੈਗੋ ॥
ਬਿਦਰ ਦਾਸੀ ਸੁਤੁ ਛੋਕ ਛੋਹਰਾ ਕ੍ਰਿਸਨੁ ਅੰਕਿ ਗਲਿ ਲਾਵੈਗੋ ॥੨॥
ਜਲ ਤੇ ਓਪਤਿ ਭਈ ਹੈ ਕਾਸਟ ਕਾਸਟ ਅੰਗਿ ਤਰਾਵੈਗੋ ॥
ਰਾਮ ਜਨਾ ਹਰਿ ਆਪਿ ਸਵਾਰੇ ਅਪਨਾ ਬਿਰਦੁ ਰਖਾਵੈਗੋ ॥੩॥
ਹਮ ਪਾਥਰ ਲੋਹ ਲੋਹ ਬਡ ਪਾਥਰ ਗੁਰ ਸੰਗਤਿ ਨਾਵ ਤਰਾਵੈਗੋ ॥
ਜਿਉ ਸਤਸੰਗਤਿ ਤਰਿਓ ਜੁਲਾਹੋ ਸੰਤ ਜਨਾ ਮਨਿ ਭਾਵੈਗੋ ॥੪॥
ਖਰੇ ਖਰੋਏ ਬੈਠਤ ਊਠਤ ਮਾਰਗਿ ਪੰਥਿ ਧਿਆਵੈਗੋ ॥
ਸਤਿਗੁਰ ਬਚਨ ਬਚਨ ਹੈ ਸਤਿਗੁਰ ਪਾਧਰੁ ਮੁਕਤਿ ਜਨਾਵੈਗੋ ॥੫॥
ਸਾਸਨਿ ਸਾਸਿ ਸਾਸਿ ਬਲੁ ਪਾਈ ਹੈ ਨਿਹਸਾਸਨਿ ਨਾਮੁ ਧਿਆਵੈਗੋ ॥
ਗੁਰ ਪਰਸਾਦੀ ਹਉਮੈ ਬੂਝੈ ਤੌ ਗੁਰਮਤਿ ਨਾਮਿ ਸਮਾਵੈਗੋ ॥੬॥
ਸਤਿਗੁਰੁ ਦਾਤਾ ਜੀਅ ਜੀਅਨ ਕੋ ਭਾਗਹੀਨ ਨਹੀ ਭਾਵੈਗੋ ॥
ਫਿਰਿ ਏਹ ਵੇਲਾ ਹਾਥਿ ਨ ਆਵੈ ਪਰਤਾਪੈ ਪਛੁਤਾਵੈਗੋ ॥੭॥
ਜੇ ਕੋ ਭਲਾ ਲੋੜੈ ਭਲ ਅਪਨਾ ਗੁਰ ਆਗੈ ਢਹਿ ਢਹਿ ਪਾਵੈਗੋ ॥
ਨਾਨਕ ਦਇਆ ਦਇਆ ਕਰਿ ਠਾਕੁਰ ਮੈ ਸਤਿਗੁਰ ਭਸਮ ਲਗਾਵੈਗੋ ॥੮॥੩॥
ਕਾਨੜਾ ਮਹਲਾ ੪ ॥
ਮਨੁ ਹਰਿ ਰੰਗਿ ਰਾਤਾ ਗਾਵੈਗੋ ॥
ਭੈ ਭੈ ਤ੍ਰਾਸ ਭਏ ਹੈ ਨਿਰਮਲ ਗੁਰਮਤਿ ਲਾਗਿ ਲਗਾਵੈਗੋ ॥੧॥ ਰਹਾਉ ॥
ਹਰਿ ਰੰਗਿ ਰਾਤਾ ਸਦ ਬੈਰਾਗੀ ਹਰਿ ਨਿਕਟਿ ਤਿਨਾ ਘਰਿ ਆਵੈਗੋ ॥
ਤਿਨ ਕੀ ਪੰਕ ਮਿਲੈ ਤਾਂ ਜੀਵਾ ਕਰਿ ਕਿਰਪਾ ਆਪਿ ਦਿਵਾਵੈਗੋ ॥੧॥
ਦੁਬਿਧਾ ਲੋਭਿ ਲਗੇ ਹੈ ਪ੍ਰਾਣੀ ਮਨਿ ਕੋਰੈ ਰੰਗੁ ਨ ਆਵੈਗੋ ॥
ਫਿਰਿ ਉਲਟਿਓ ਜਨਮੁ ਹੋਵੈ ਗੁਰ ਬਚਨੀ ਗੁਰੁ ਪੁਰਖੁ ਮਿਲੈ ਰੰਗੁ ਲਾਵੈਗੋ ॥੨॥
ਇੰਦ੍ਰੀ ਦਸੇ ਦਸੇ ਫੁਨਿ ਧਾਵਤ ਤ੍ਰੈ ਗੁਣੀਆ ਖਿਨੁ ਨ ਟਿਕਾਵੈਗੋ ॥
ਸਤਿਗੁਰ ਪਰਚੈ ਵਸਗਤਿ ਆਵੈ ਮੋਖ ਮੁਕਤਿ ਸੋ ਪਾਵੈਗੋ ॥੩॥
ਓਅੰਕਾਰਿ ਏਕੋ ਰਵਿ ਰਹਿਆ ਸਭੁ ਏਕਸ ਮਾਹਿ ਸਮਾਵੈਗੋ ॥
ਏਕੋ ਰੂਪੁ ਏਕੋ ਬਹੁ ਰੰਗੀ ਸਭੁ ਏਕਤੁ ਬਚਨਿ ਚਲਾਵੈਗੋ ॥੪॥
ਗੁਰਮੁਖਿ ਏਕੋ ਏਕੁ ਪਛਾਤਾ ਗੁਰਮੁਖਿ ਹੋਇ ਲਖਾਵੈਗੋ ॥
ਗੁਰਮੁਖਿ ਜਾਇ ਮਿਲੈ ਨਿਜ ਮਹਲੀ ਅਨਹਦ ਸਬਦੁ ਬਜਾਵੈਗੋ ॥੫॥
ਜੀਅ ਜੰਤ ਸਭ ਸਿਸਟਿ ਉਪਾਈ ਗੁਰਮੁਖਿ ਸੋਭਾ ਪਾਵੈਗੋ ॥

ਬਿਨੁ ਗੁਰ ਭੇਟੇ ਕੋ ਮਹਲੁ ਨ ਪਾਵੈ ਆਇ ਜਾਇ ਦੁਖੁ ਪਾਵੈਗੋ ॥੬॥
ਅਨੇਕ ਜਨਮ ਵਿਛੁੜੇ ਮੇਰੇ ਪ੍ਰੀਤਮ ਕਰਿ ਕਿਰਪਾ ਗੁਰੂ ਮਿਲਾਵੈਗੋ ॥
ਸਤਿਗੁਰ ਮਿਲਤ ਮਹਾ ਸੁਖੁ ਪਾਇਆ ਮਤਿ ਮਲੀਨ ਬਿਗਸਾਵੈਗੋ ॥੭॥
ਹਰਿ ਹਰਿ ਕ੍ਰਿਪਾ ਕਰਹੁ ਜਗਜੀਵਨ ਮੈ ਸਰਧਾ ਨਾਮਿ ਲਗਾਵੈਗੋ ॥
ਨਾਨਕ ਗੁਰੂ ਗੁਰੂ ਹੈ ਸਤਿਗੁਰੁ ਮੈ ਸਤਿਗੁਰੁ ਸਰਨਿ ਮਿਲਾਵੈਗੋ ॥੮॥੪॥
ਕਾਨੜਾ ਮਹਲਾ ੪ ॥
ਮਨ ਗੁਰਮਤਿ ਚਾਲ ਚਲਾਵੈਗੋ ॥
ਜਿਉ ਮੈਗਲੁ ਮਸਤੁ ਦੀਜੈ ਤਲਿ ਕੁੰਡੇ ਗੁਰ ਅੰਕਸੁ ਸਬਦੁ ਦ੍ਰਿੜਾਵੈਗੋ ॥੧॥ ਰਹਾਉ ॥
ਚਲਤੌ ਚਲੈ ਚਲੈ ਦਹ ਦਹ ਦਿਸਿ ਗੁਰੁ ਰਾਖੈ ਹਰਿ ਲਿਵ ਲਾਵੈਗੋ ॥
ਸਤਿਗੁਰੁ ਸਬਦੁ ਦੇਇ ਰਿਦ ਅੰਤਰਿ ਮੁਖਿ ਅੰਮ੍ਰਿਤੁ ਨਾਮੁ ਚੁਆਵੈਗੋ ॥੧॥
ਬਿਸੀਅਰ ਬਿਸੂ ਭਰੇ ਹੈ ਪੂਰਨ ਗੁਰੁ ਗਰੁੜ ਸਬਦੁ ਮੁਖਿ ਪਾਵੈਗੋ ॥
ਮਾਇਆ ਭੁਇਅੰਗ ਤਿਸੁ ਨੇੜਿ ਨ ਆਵੈ ਬਿਖੁ ਝਾਰਿ ਝਾਰਿ ਲਿਵ ਲਾਵੈਗੋ ॥੨॥
ਸੁਆਨੁ ਲੋਭੁ ਨਗਰ ਮਹਿ ਸਬਲਾ ਗੁਰੁ ਖਿਨ ਮਹਿ ਮਾਰਿ ਕਢਾਵੈਗੋ ॥
ਸਤੁ ਸੰਤੋਖੁ ਧਰਮੁ ਆਨਿ ਰਾਖੇ ਹਰਿ ਨਗਰੀ ਹਰਿ ਗੁਨ ਗਾਵੈਗੋ ॥੩॥
ਪੰਕਜ ਮੋਹ ਨਿਘਰਤੁ ਹੈ ਪ੍ਰਾਨੀ ਗੁਰੁ ਨਿਘਰਤ ਕਾਢਿ ਕਢਾਵੈਗੋ ॥
ਤ੍ਰਾਹਿ ਤ੍ਰਾਹਿ ਸਰਨਿ ਜਨ ਆਏ ਗੁਰੁ ਹਾਥੀ ਦੇ ਨਿਕਲਾਵੈਗੋ ॥੪॥
ਸੁਪਨੰਤਰੁ ਸੰਸਾਰੁ ਸਭੁ ਬਾਜੀ ਸਭੁ ਬਾਜੀ ਖੇਲੁ ਖਿਲਾਵੈਗੋ ॥
ਲਾਹਾ ਨਾਮੁ ਗੁਰਮਤਿ ਲੈ ਚਾਲਹੁ ਹਰਿ ਦਰਗਹ ਪੈਧਾ ਜਾਵੈਗੋ ॥੫॥
ਹਉਮੈ ਕਰੈ ਕਰਾਵੈ ਹਉਮੈ ਪਾਪ ਕੋਇਲੇ ਆਨਿ ਜਮਾਵੈਗੋ ॥
ਆਇਆ ਕਾਲੁ ਦੁਖਦਾਈ ਹੋਏ ਜੋ ਬੀਜੇ ਸੋ ਖਵਲਾਵੈਗੋ ॥੬॥
ਸੰਤਹੁ ਰਾਮ ਨਾਮੁ ਧਨੁ ਸੰਚਹੁ ਲੈ ਖਰਚੁ ਚਲੇ ਪਤਿ ਪਾਵੈਗੋ ॥
ਖਾਇ ਖਰਚਿ ਦੇਵਹਿ ਬਹੁਤੇਰਾ ਹਰਿ ਦੇਦੇ ਤੋਟਿ ਨ ਆਵੈਗੋ ॥੭॥
ਰਾਮ ਨਾਮ ਧਨੁ ਹੈ ਰਿਦ ਅੰਤਰਿ ਧਨੁ ਗੁਰ ਸਰਣਾਈ ਪਾਵੈਗੋ ॥
ਨਾਨਕ ਦਇਆ ਦਇਆ ਕਰਿ ਦੀਨੀ ਦੁਖੁ ਦਾਲਦੁ ਭੰਜਿ ਸਮਾਵੈਗੋ ॥੮॥੫॥
ਕਾਨੜਾ ਮਹਲਾ ੪ ॥
ਮਨੁ ਸਤਿਗੁਰ ਸਰਨਿ ਧਿਆਵੈਗੋ ॥
ਲੋਹਾ ਹਿਰਨੁ ਹੋਵੈ ਸੰਗਿ ਪਾਰਸ ਗੁਨੁ ਪਾਰਸ ਕੋ ਹੋਇ ਆਵੈਗੋ ॥੧॥ ਰਹਾਉ ॥
ਸਤਿਗੁਰੁ ਮਹਾ ਪੁਰਖੁ ਹੈ ਪਾਰਸੁ ਜੋ ਲਾਗੈ ਸੋ ਫਲੁ ਪਾਵੈਗੋ ॥
ਜਿਉ ਗੁਰ ਉਪਦੇਸਿ ਤਰੇ ਪ੍ਰਹਿਲਾਦਾ ਗੁਰੁ ਸੇਵਕ ਪੈਜ ਰਖਾਵੈਗੋ ॥੧॥
ਸਤਿਗੁਰ ਬਚਨੁ ਬਚਨੁ ਹੈ ਨੀਕੋ ਗੁਰ ਬਚਨੀ ਅੰਮ੍ਰਿਤੁ ਪਾਵੈਗੋ ॥
ਜਿਉ ਅੰਬਰੀਕਿ ਅਮਰਾ ਪਦ ਪਾਏ ਸਤਿਗੁਰ ਮੁਖ ਬਚਨ ਧਿਆਵੈਗੋ ॥੨॥
ਸਤਿਗੁਰ ਸਰਨਿ ਸਰਨਿ ਮਨਿ ਭਾਈ ਸੁਧਾ ਸੁਧਾ ਕਰਿ ਧਿਆਵੈਗੋ ॥
ਦਇਆਲ ਦੀਨ ਭਏ ਹੈ ਸਤਿਗੁਰ ਹਰਿ ਮਾਰਗੁ ਪੰਥੁ ਦਿਖਾਵੈਗੋ ॥੩॥
ਸਤਿਗੁਰ ਸਰਨਿ ਪਏ ਸੇ ਥਾਪੇ ਤਿਨ ਰਾਖਨ ਕਉ ਪ੍ਰਭੁ ਆਵੈਗੋ ॥
ਜੇ ਕੋ ਸਰੁ ਸੰਧੈ ਜਨ ਊਪਰਿ ਫਿਰਿ ਉਲਟੋ ਤਿਸੈ ਲਗਾਵੈਗੋ ॥੪॥

ਹਰਿ ਹਰਿ ਹਰਿ ਹਰਿ ਹਰਿ ਸਰੁ ਸੇਵਹਿ ਤਿਨ ਦਰਗਹ ਮਾਨੁ ਦਿਵਾਵੈਗੋ ॥
ਗੁਰਮਤਿ ਗੁਰਮਤਿ ਗੁਰਮਤਿ ਧਿਆਵਹਿ ਹਰਿ ਗਲਿ ਮਿਲਿ ਮੇਲਿ ਮਿਲਾਵੈਗੋ ॥੫॥
ਗੁਰਮੁਖਿ ਨਾਦੁ ਬੇਦੁ ਹੈ ਗੁਰਮੁਖਿ ਗੁਰ ਪਰਚੈ ਨਾਮੁ ਧਿਆਵੈਗੋ ॥
ਹਰਿ ਹਰਿ ਰੂਪੁ ਹਰਿ ਰੂਪੋ ਹੋਵੈ ਹਰਿ ਜਨ ਕਉ ਪੂਜ ਕਰਾਵੈਗੋ ॥੬॥
ਸਾਕਤ ਨਰ ਸਤਿਗੁਰੁ ਨਹੀ ਕੀਆ ਤੇ ਬੇਮੁਖ ਹਰਿ ਭਰਮਾਵੈਗੋ ॥
ਲੋਭ ਲਹਰਿ ਸੁਆਨ ਕੀ ਸੰਗਤਿ ਬਿਖੁ ਮਾਇਆ ਕਰੰਗਿ ਲਗਾਵੈਗੋ ॥੭॥
ਰਾਮ ਨਾਮੁ ਸਭ ਜਗ ਕਾ ਤਾਰਕੁ ਲਗਿ ਸੰਗਤਿ ਨਾਮੁ ਧਿਆਵੈਗੋ ॥
ਨਾਨਕ ਰਾਖੁ ਰਾਖੁ ਪ੍ਰਭ ਮੇਰੇ ਸਤਸੰਗਤਿ ਰਾਖਿ ਸਮਾਵੈਗੋ ॥੮॥੬॥
ਕਲਿਆਨ ਮਹਲਾ ੪ ਅਸਟਪਦੀਆ ॥
ੴ ਸਤਿਗੁਰ ਪ੍ਰਸਾਦਿ ॥
ਰਾਮਾ ਰਮ ਰਾਮੋ ਸੁਨਿ ਮਨੁ ਭੀਜੈ ॥
ਹਰਿ ਹਰਿ ਨਾਮੁ ਅੰਮ੍ਰਿਤੁ ਰਸੁ ਮੀਠਾ ਗੁਰਮਤਿ ਸਹਜੇ ਪੀਜੈ ॥੧॥ ਰਹਾਉ ॥
ਕਾਸਟ ਮਹਿ ਜਿਉ ਹੈ ਬੈਸੰਤਰੁ ਮਥਿ ਸੰਜਮਿ ਕਾਢਿ ਕਢੀਜੈ ॥
ਰਾਮ ਨਾਮੁ ਹੈ ਜੋਤਿ ਸਬਾਈ ਤਤੁ ਗੁਰਮਤਿ ਕਾਢਿ ਲਈਜੈ ॥੧॥
ਨਉ ਦਰਵਾਜ ਨਵੇ ਦਰ ਫੀਕੇ ਰਸੁ ਅੰਮ੍ਰਿਤੁ ਦਸਵੇ ਚੁਈਜੈ ॥
ਕ੍ਰਿਪਾ ਕ੍ਰਿਪਾ ਕਿਰਪਾ ਕਰਿ ਪਿਆਰੇ ਗੁਰ ਸਬਦੀ ਹਰਿ ਰਸੁ ਪੀਜੈ ॥੨॥
ਕਾਇਆ ਨਗਰੁ ਨਗਰੁ ਹੈ ਨੀਕੋ ਵਿਚਿ ਸਉਦਾ ਹਰਿ ਰਸੁ ਕੀਜੈ ॥
ਰਤਨ ਲਾਲ ਅਮੋਲ ਅਮੋਲਕ ਸਤਿਗੁਰ ਸੇਵਾ ਲੀਜੈ ॥੩॥
ਸਤਿਗੁਰੁ ਅਗਮੁ ਅਗਮੁ ਹੈ ਠਾਕੁਰੁ ਭਰਿ ਸਾਗਰ ਭਗਤਿ ਕਰੀਜੈ ॥
ਕ੍ਰਿਪਾ ਕ੍ਰਿਪਾ ਕਰਿ ਦੀਨ ਹਮ ਸਾਰਿੰਗ ਇਕ ਬੂੰਦ ਨਾਮੁ ਮੁਖਿ ਦੀਜੈ ॥੪॥
ਲਾਲਨੁ ਲਾਲੁ ਲਾਲੁ ਹੈ ਰੰਗਨੁ ਮਨੁ ਰੰਗਨ ਕਉ ਗੁਰ ਦੀਜੈ ॥
ਰਾਮ ਰਾਮ ਰਾਮ ਰੰਗਿ ਰਾਤੇ ਰਸ ਰਸਿਕ ਗਟਕ ਨਿਤ ਪੀਜੈ ॥੫॥
ਬਸੁਧਾ ਸਪਤ ਦੀਪ ਹੈ ਸਾਗਰ ਕਢਿ ਕੰਚਨੁ ਕਾਢਿ ਧਰੀਜੈ ॥
ਮੇਰੇ ਠਾਕੁਰ ਕੇ ਜਨ ਇਨਹੁ ਨ ਬਾਛਹਿ ਹਰਿ ਮਾਗਹਿ ਹਰਿ ਰਸੁ ਦੀਜੈ ॥੬॥
ਸਾਕਤ ਨਰ ਪ੍ਰਾਨੀ ਸਦ ਭੂਖੇ ਨਿਤ ਭੂਖਨ ਭੂਖ ਕਰੀਜੈ ॥
ਧਾਵਤੁ ਧਾਇ ਧਾਵਹਿ ਪ੍ਰੀਤਿ ਮਾਇਆ ਲਖ ਕੋਸਨ ਕਉ ਬਿਥਿ ਦੀਜੈ ॥੭॥
ਹਰਿ ਹਰਿ ਹਰਿ ਹਰਿ ਹਰਿ ਜਨ ਊਤਮ ਕਿਆ ਉਪਮਾ ਤਿਨ੍ ਦੀਜੈ ॥
ਰਾਮ ਨਾਮ ਤੁਲਿ ਅਉਰੁ ਨ ਉਪਮਾ ਜਨ ਨਾਨਕ ਕ੍ਰਿਪਾ ਕਰੀਜੈ ॥੮॥੧॥
ਕਲਿਆਨ ਮਹਲਾ ੪ ॥
ਰਾਮ ਗੁਰੁ ਪਾਰਸੁ ਪਰਸੁ ਕਰੀਜੈ ॥
ਹਮ ਨਿਰਗੁਣੀ ਮਨੂਰ ਅਤਿ ਫੀਕੇ ਮਿਲਿ ਸਤਿਗੁਰ ਪਾਰਸੁ ਕੀਜੈ ॥੧॥ ਰਹਾਉ ॥
ਸੁਰਗ ਮੁਕਤਿ ਬੈਕੁੰਠ ਸਭਿ ਬਾਂਛਹਿ ਨਿਤਿ ਆਸਾ ਆਸ ਕਰੀਜੈ ॥
ਹਰਿ ਦਰਸਨ ਕੇ ਜਨ ਮੁਕਤਿ ਨ ਮਾਂਗਹਿ ਮਿਲਿ ਦਰਸਨ ਤ੍ਰਿਪਤਿ ਮਨੁ ਧੀਜੈ ॥੧॥
ਮਾਇਆ ਮੋਹੁ ਸਬਲੁ ਹੈ ਭਾਰੀ ਮੋਹੁ ਕਾਲਖ ਦਾਗ ਲਗੀਜੈ ॥
ਮੇਰੇ ਠਾਕੁਰ ਕੇ ਜਨ ਅਲਿਪਤ ਹੈ ਮੁਕਤੇ ਜਿਉ ਮੁਰਗਾਈ ਪੰਕੁ ਨ ਭੀਜੈ ॥੨॥

ਚੰਦਨ ਵਾਸੁ ਭੁਇਅੰਗਮ ਵੇੜੀ ਕਿਵ ਮਿਲੀਐ ਚੰਦਨੁ ਲੀਜੈ ॥
ਕਾਢਿ ਖੜਗੁ ਗੁਰ ਗਿਆਨੁ ਕਰਾਰਾ ਬਿਖੁ ਛੇਦਿ ਛੇਦਿ ਰਸੁ ਪੀਜੈ ॥੩॥
ਆਨਿ ਆਨਿ ਸਮਧਾ ਬਹੁ ਕੀਨੀ ਪਲੁ ਬੈਸੰਤਰ ਭਸਮ ਕਰੀਜੈ ॥
ਮਹਾ ਉਗ੍ਰ ਪਾਪ ਸਾਕਤ ਨਰ ਕੀਨੇ ਮਿਲਿ ਸਾਧੂ ਲੂਕੀ ਦੀਜੈ ॥੪॥
ਸਾਧੂ ਸਾਧ ਸਾਧ ਜਨ ਨੀਕੇ ਜਿਨ ਅੰਤਰਿ ਨਾਮੁ ਧਰੀਜੈ ॥
ਪਰਸ ਨਿਪਰਸੁ ਭਏ ਸਾਧੂ ਜਨ ਜਨੁ ਹਰਿ ਭਗਵਾਨੁ ਦਿਖੀਜੈ ॥੫॥
ਸਾਕਤ ਸੂਤੁ ਬਹੁ ਗੁਰਝੀ ਭਰਿਆ ਕਿਉ ਕਰਿ ਤਾਨੁ ਤਨੀਜੈ ॥
ਤੰਤੁ ਸੂਤੁ ਕਿਛੁ ਨਿਕਸੈ ਨਾਹੀ ਸਾਕਤ ਸੰਗੁ ਨ ਕੀਜੈ ॥੬॥
ਸਤਿਗੁਰ ਸਾਧਸੰਗਤਿ ਹੈ ਨੀਕੀ ਮਿਲਿ ਸੰਗਤਿ ਰਾਮੁ ਰਵੀਜੈ ॥
ਅੰਤਰਿ ਰਤਨ ਜਵੇਹਰ ਮਾਣਕ ਗੁਰ ਕਿਰਪਾ ਤੇ ਲੀਜੈ ॥੭॥
ਮੇਰਾ ਠਾਕੁਰੁ ਵਡਾ ਵਡਾ ਹੈ ਸੁਆਮੀ ਹਮ ਕਿਉ ਕਰਿ ਮਿਲਹ ਮਿਲੀਜੈ ॥
ਨਾਨਕ ਮੇਲਿ ਮਿਲਾਏ ਗੁਰੁ ਪੂਰਾ ਜਨ ਕਉ ਪੂਰਨੁ ਦੀਜੈ ॥੮॥੨॥
ਕਲਿਆਨੁ ਮਹਲਾ ੪ ॥
ਰਾਮਾ ਰਮ ਰਾਮੋ ਰਾਮੁ ਰਵੀਜੈ ॥
ਸਾਧੂ ਸਾਧ ਸਾਧ ਜਨ ਨੀਕੇ ਮਿਲਿ ਸਾਧੂ ਹਰਿ ਰੰਗੁ ਕੀਜੈ ॥੧॥ ਰਹਾਉ ॥
ਜੀਅ ਜੰਤ ਸਭੁ ਜਗੁ ਹੈ ਜੇਤਾ ਮਨੁ ਡੋਲਤ ਡੋਲ ਕਰੀਜੈ ॥
ਕ੍ਰਿਪਾ ਕ੍ਰਿਪਾ ਕਰਿ ਸਾਧੁ ਮਿਲਾਵਹੁ ਜਗੁ ਥੰਮਨ ਕਉ ਥੰਮੁ ਦੀਜੈ ॥੧॥
ਬਸੁਧਾ ਤਲੈ ਤਲੈ ਸਭ ਊਪਰਿ ਮਿਲਿ ਸਾਧੂ ਚਰਨ ਰੁਲੀਜੈ ॥
ਅਤਿ ਊਤਮ ਅਤਿ ਊਤਮ ਹੋਵਹੁ ਸਭ ਸਿਸਟਿ ਚਰਨ ਤਲ ਦੀਜੈ ॥੨॥
ਗੁਰਮੁਖਿ ਜੋਤਿ ਭਲੀ ਸਿਵ ਨੀਕੀ ਆਨਿ ਪਾਨੀ ਸਕਤਿ ਭਰੀਜੈ ॥
ਮੈਨਦੰਤ ਨਿਕਸੇ ਗੁਰ ਬਚਨੀ ਸਾਰੁ ਚਬਿ ਚਬਿ ਹਰਿ ਰਸੁ ਪੀਜੈ ॥੩॥
ਰਾਮ ਨਾਮ ਅਨੁਗ੍ਰਹੁ ਬਹੁ ਕੀਆ ਗੁਰ ਸਾਧੂ ਪੁਰਖ ਮਿਲੀਜੈ ॥
ਗੁਨ ਰਾਮ ਨਾਮ ਬਿਸਥੀਰਨ ਕੀਏ ਹਰਿ ਸਗਲ ਭਵਨ ਜਸੁ ਦੀਜੈ ॥੪॥
ਸਾਧੂ ਸਾਧ ਸਾਧ ਮਨਿ ਪ੍ਰੀਤਮ ਬਿਨੁ ਦੇਖੇ ਰਹਿ ਨ ਸਕੀਜੈ ॥
ਜਿਉ ਜਲ ਮੀਨ ਜਲੰ ਜਲ ਪ੍ਰੀਤਿ ਹੈ ਖਿਨੁ ਜਲ ਬਿਨੁ ਫੂਟਿ ਮਰੀਜੈ ॥੫॥
ਮਹਾ ਅਭਾਗ ਅਭਾਗ ਹੈ ਜਿਨ ਕੇ ਤਿਨ ਸਾਧੂ ਧੂਰਿ ਨ ਪੀਜੈ ॥
ਤਿਨਾ ਤਿਸਨਾ ਜਲਤ ਜਲਤ ਨਹੀ ਬੂਝਹਿ ਡੰਡੁ ਧਰਮ ਰਾਇ ਕਾ ਦੀਜੈ ॥੬॥
ਸਭਿ ਤੀਰਥ ਬਰਤ ਜਗ੍ਯ ਪੁੰਨ ਕੀਏ ਹਿਵੈ ਗਾਲਿ ਗਾਲਿ ਤਨੁ ਛੀਜੈ ॥
ਅਤੁਲਾ ਤੋਲੁ ਰਾਮ ਨਾਮੁ ਹੈ ਗੁਰਮਤਿ ਕੋ ਪੁਜੈ ਨ ਤੋਲ ਤੁਲੀਜੈ ॥੭॥
ਤਵ ਗੁਨ ਬ੍ਰਹਮ ਬ੍ਰਹਮ ਤੂ ਜਾਨਹਿ ਜਨ ਨਾਨਕ ਸਰਨਿ ਪਰੀਜੈ ॥
ਤੂ ਜਲ ਨਿਧਿ ਮੀਨ ਹਮ ਤੇਰੇ ਕਰਿ ਕਿਰਪਾ ਸੰਗਿ ਰਖੀਜੈ ॥੮॥੩॥
ਕਲਿਆਨ ਮਹਲਾ ੪ ॥
ਰਾਮਾ ਰਮ ਰਾਮੋ ਪੂਜ ਕਰੀਜੈ ॥
ਮਨੁ ਤਨੁ ਅਰਪਿ ਧਰਉ ਸਭੁ ਆਗੈ ਰਸੁ ਗੁਰਮਤਿ ਗਿਆਨੁ ਦ੍ਰਿੜੀਜੈ ॥੧॥ ਰਹਾਉ ॥
ਬ੍ਰਹਮ ਨਾਮ ਗੁਣ ਸਾਖ ਤਰੋਵਰ ਨਿਤ ਚੁਨਿ ਚੁਨਿ ਪੂਜ ਕਰੀਜੈ ॥

ਆਤਮ ਦੇਉ ਦੇਉ ਹੈ ਆਤਮੁ ਰਸਿ ਲਾਗੈ ਪੂਜ ਕਰੀਜੈ ॥੧॥
ਬਿਬੇਕ ਬੁਧਿ ਸਭ ਜਗ ਮਹਿ ਨਿਰਮਲ ਬਿਚਰਿ ਬਿਚਰਿ ਰਸੁ ਪੀਜੈ ॥
ਗੁਰ ਪਰਸਾਦਿ ਪਦਾਰਥੁ ਪਾਇਆ ਸਤਿਗੁਰ ਕਉ ਇਹੁ ਮਨੁ ਦੀਜੈ ॥੨॥
ਨਿਰਮੋਲਕੁ ਅਤਿ ਹੀਰੋ ਨੀਕੋ ਹੀਰੈ ਹੀਰੁ ਬਿਧੀਜੈ ॥
ਮਨੁ ਮੋਤੀ ਸਾਲੁ ਹੈ ਗੁਰ ਸਬਦੀ ਜਿਤੁ ਹੀਰਾ ਪਰਖਿ ਲਈਜੈ ॥੩॥
ਸੰਗਤਿ ਸੰਤ ਸੰਗਿ ਲਗਿ ਊਚੇ ਜਿਉ ਪੀਪ ਪਲਾਸ ਖਾਇ ਲੀਜੈ ॥
ਸਭ ਨਰ ਮਹਿ ਪ੍ਰਾਨੀ ਊਤਮੁ ਹੋਵੈ ਰਾਮ ਨਾਮੈ ਬਾਸੁ ਬਸੀਜੈ ॥੪॥
ਨਿਰਮਲ ਨਿਰਮਲ ਕਰਮ ਬਹੁ ਕੀਨੇ ਨਿਤ ਸਾਖਾ ਹਰੀ ਜੜੀਜੈ ॥
ਧਰਮੁ ਫੁਲੁ ਫਲੁ ਗੁਰਿ ਗਿਆਨੁ ਦ੍ਰਿੜਾਇਆ ਬਹਕਾਰ ਬਾਸੁ ਜਗਿ ਦੀਜੈ ॥੫॥
ਏਕ ਜੋਤਿ ਏਕੋ ਮਨਿ ਵਸਿਆ ਸਭ ਬ੍ਰਹਮ ਦ੍ਰਿਸਟਿ ਇਕੁ ਕੀਜੈ ॥
ਆਤਮ ਰਾਮੁ ਸਭ ਏਕੈ ਹੈ ਪਸਰੇ ਸਭ ਚਰਨ ਤਲੇ ਸਿਰੁ ਦੀਜੈ ॥੬॥
ਨਾਮ ਬਿਨਾ ਨਕਟੇ ਨਰ ਦੇਖਹੁ ਤਿਨ ਘਸਿ ਘਸਿ ਨਾਕ ਵਢੀਜੈ ॥
ਸਾਕਤ ਨਰ ਅਹੰਕਾਰੀ ਕਹੀਅਹਿ ਬਿਨੁ ਨਾਵੈ ਧ੍ਰਿਗੁ ਜੀਵੀਜੈ ॥੭॥
ਜਬ ਲਗੁ ਸਾਸੁ ਸਾਸੁ ਮਨ ਅੰਤਰਿ ਤਤੁ ਬੇਗਲ ਸਰਨਿ ਪਰੀਜੈ ॥
ਨਾਨਕ ਕ੍ਰਿਪਾ ਕ੍ਰਿਪਾ ਕਰਿ ਧਾਰਹੁ ਮੈ ਸਾਧੂ ਚਰਨ ਪਖੀਜੈ ॥੮॥੪॥
ਕਲਿਆਨ ਮਹਲਾ ੪ ॥
ਰਾਮਾ ਮੈ ਸਾਧੂ ਚਰਨ ਧੁਵੀਜੈ ॥
ਕਿਲਬਿਖ ਦਹਨ ਹੋਹਿ ਖਿਨ ਅੰਤਰਿ ਮੇਰੇ ਠਾਕੁਰ ਕਿਰਪਾ ਕੀਜੈ ॥੧॥ ਰਹਾਉ ॥
ਮੰਗਤ ਜਨ ਦੀਨ ਖਰੇ ਦਰਿ ਠਾਢੇ ਅਤਿ ਤਰਸਨ ਕਉ ਦਾਨੁ ਦੀਜੈ ॥
ਤ੍ਰਾਹਿ ਤ੍ਰਾਹਿ ਸਰਨਿ ਪ੍ਰਭ ਆਏ ਮੋ ਕਉ ਗੁਰਮਤਿ ਨਾਮੁ ਦ੍ਰਿੜੀਜੈ ॥੧॥
ਕਾਮ ਕਰੋਧੁ ਨਗਰ ਮਹਿ ਸਬਲਾ ਨਿਤ ਉਠਿ ਉਠਿ ਜੂਝੁ ਕਰੀਜੈ ॥
ਅੰਗੀਕਾਰੁ ਕਰਹੁ ਰਖਿ ਲੇਵਹੁ ਗੁਰ ਪੂਰਾ ਕਾਢਿ ਕਢੀਜੈ ॥੨॥
ਅੰਤਰਿ ਅਗਨਿ ਸਬਲ ਅਤਿ ਬਿਖਿਆ ਹਿਵ ਸੀਤਲੁ ਸਬਦੁ ਗੁਰ ਦੀਜੈ ॥
ਤਨਿ ਮਨਿ ਸਾਂਤਿ ਹੋਇ ਅਧਿਕਾਈ ਰੋਗੁ ਕਾਟੈ ਸੂਖਿ ਸਵੀਜੈ ॥੩॥
ਜਿਉ ਸੂਰਜੁ ਕਿਰਣਿ ਰਵਿਆ ਸਰਬ ਠਾਈ ਸਭ ਘਟਿ ਘਟਿ ਰਾਮੁ ਰਵੀਜੈ ॥
ਸਾਧੂ ਸਾਧ ਮਿਲੇ ਰਸੁ ਪਾਵੈ ਤਤੁ ਨਿਜ ਘਰਿ ਬੈਠਿਆ ਪੀਜੈ ॥੪॥
ਜਨ ਕਉ ਪ੍ਰੀਤਿ ਲਗੀ ਗੁਰ ਸੇਤੀ ਜਿਉ ਚਕਵੀ ਦੇਖਿ ਸੂਰੀਜੈ ॥
ਨਿਰਖਤ ਨਿਰਖਤ ਰੈਨਿ ਸਭ ਨਿਰਖੀ ਮੁਖੁ ਕਾਢੈ ਅੰਮ੍ਰਿਤੁ ਪੀਜੈ ॥੫॥
ਸਾਕਤ ਸੁਆਨ ਕਹੀਅਹਿ ਬਹੁ ਲੋਭੀ ਬਹੁ ਦੁਰਮਤਿ ਮੈਲੁ ਭਰੀਜੈ ॥
ਆਪਨ ਸੁਆਇ ਕਰਹਿ ਬਹੁ ਬਾਤਾ ਤਿਨਾ ਕਾ ਵਿਸਾਹੁ ਕਿਆ ਕੀਜੈ ॥੬॥
ਸਾਧੂ ਸਾਧ ਸਰਨਿ ਮਿਲਿ ਸੰਗਤਿ ਜਿਤੁ ਹਰਿ ਰਸੁ ਕਾਢਿ ਕਢੀਜੈ ॥
ਪਰਉਪਕਾਰ ਬੋਲਹਿ ਬਹੁ ਗੁਣੀਆ ਮੁਖਿ ਸੰਤ ਭਗਤ ਹਰਿ ਦੀਜੈ ॥੭॥
ਤੂ ਅਗਮ ਦਇਆਲ ਦਇਆ ਪਤਿ ਦਾਤਾ ਸਭ ਦਇਆ ਧਾਰਿ ਰਖਿ ਲੀਜੈ ॥
ਸਰਬ ਜੀਅ ਜਗਜੀਵਨੁ ਏਕੋ ਨਾਨਕ ਪ੍ਰਤਿਪਾਲ ਕਰੀਜੈ ॥੮॥੫॥
ਕਲਿਆਨੁ ਮਹਲਾ ੪ ॥

ਰਾਮਾ ਹਮ ਦਾਸਨ ਦਾਸ ਕਰੀਜੈ ॥
ਜਬ ਲਗਿ ਸਾਸੁ ਹੋਇ ਮਨ ਅੰਤਰਿ ਸਾਧੂ ਧੂਰਿ ਪਿਵੀਜੈ ॥੧॥ ਰਹਾਉ ॥
ਸੰਕਰੁ ਨਾਰਦੁ ਸੇਖਨਾਗ ਮੁਨਿ ਧੂਰਿ ਸਾਧੂ ਕੀ ਲੋਚੀਜੈ ॥
ਭਵਨ ਭਵਨ ਪਵਿਤੁ ਹੋਹਿ ਸਭਿ ਜਹ ਸਾਧੂ ਚਰਨ ਧਰੀਜੈ ॥੧॥
ਤਜਿ ਲਾਜ ਅਹੰਕਾਰੁ ਸਭੁ ਤਜੀਐ ਮਿਲਿ ਸਾਧੂ ਸੰਗਿ ਰਹੀਜੈ ॥
ਧਰਮ ਰਾਇ ਕੀ ਕਾਨਿ ਚੁਕਾਵੈ ਬਿਖੁ ਡੁਬਦਾ ਕਾਢਿ ਕਢੀਜੈ ॥੨॥
ਭਰਮਿ ਸੂਕੇ ਬਹੁ ਉਭਿ ਸੁਕ ਕਹੀਅਹਿ ਮਿਲਿ ਸਾਧੂ ਸੰਗਿ ਹਰੀਜੈ ॥
ਤਾ ਤੇ ਬਿਲਮੁ ਪਲੁ ਢਿਲ ਨ ਕੀਜੈ ਜਾਇ ਸਾਧੂ ਚਰਨਿ ਲਗੀਜੈ ॥੩॥
ਰਾਮ ਨਾਮ ਕੀਰਤਨ ਰਤਨ ਵਥੁ ਹਰਿ ਸਾਧੂ ਪਾਸਿ ਰਖੀਜੈ ॥
ਜੋ ਬਚਨੁ ਗੁਰ ਸਤਿ ਸਤਿ ਕਰਿ ਮਾਨੈ ਤਿਸੁ ਆਗੈ ਕਾਢਿ ਧਰੀਜੈ ॥੪॥
ਸੰਤਹੁ ਸੁਨਹੁ ਸੁਨਹੁ ਜਨ ਭਾਈ ਗੁਰਿ ਕਾਢੀ ਬਾਹ ਕੁਕੀਜੈ ॥
ਜੇ ਆਤਮ ਕਉ ਸੁਖੁ ਸੁਖੁ ਨਿਤ ਲੋੜਹੁ ਤਾਂ ਸਤਿਗੁਰ ਸਰਨਿ ਪਵੀਜੈ ॥੫॥
ਜੇ ਵਡ ਭਾਗੁ ਹੋਇ ਅਤਿ ਨੀਕਾ ਤਾਂ ਗੁਰਮਤਿ ਨਾਮੁ ਦ੍ਰਿੜੀਜੈ ॥
ਸਭੁ ਮਾਇਆ ਮੋਹੁ ਬਿਖਮੁ ਜਗੁ ਤਰੀਐ ਸਹਜੇ ਹਰਿ ਰਸੁ ਪੀਜੈ ॥੬॥
ਮਾਇਆ ਮਾਇਆ ਕੇ ਜੋ ਅਧਿਕਾਈ ਵਿਚਿ ਮਾਇਆ ਪਚੈ ਪਚੀਜੈ ॥
ਅਗਿਆਨੁ ਅੰਧੇਰੁ ਮਹਾ ਪੰਥੁ ਬਿਖੜਾ ਅਹੰਕਾਰਿ ਭਾਰਿ ਲਦਿ ਲੀਜੈ ॥੭॥
ਨਾਨਕ ਰਾਮ ਰਮ ਰਮੁ ਰਮ ਰਮ ਰਾਮੈ ਤੇ ਗਤਿ ਕੀਜੈ ॥
ਸਤਿਗੁਰੁ ਮਿਲੈ ਤਾ ਨਾਮੁ ਦ੍ਰਿੜਾਏ ਰਾਮ ਨਾਮੈ ਰਲੈ ਮਿਲੀਜੈ ॥੮॥੬॥